ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਂਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਨਗਰ ਕੌਂਸਿਲ,
ਖੰਨਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**<u>ਅਪੀਲ ਕੇਸ ਨੰ: 2942 ਆਫ 2018</u>**

**<u>ਹਾਜ਼ਰ:-</u>**
1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ (96460-63400)।

**<u>ਹਕਮ:</u>**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਦਫਤ਼ਰ ਨਗਰ ਕੌਂਸਿਲ, ਖੰਨਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਕੇਵਲ ਸਿੰਘ, ਜੂਨੀਅਰ ਇੰਜੀਨੀਅਰ ਦੀ ਐਮ.ਬੀ. ਬੁਕਸ ਵਿੱਚ ਦਰਜ਼ ਬਿੱਲਾਂ ਦੀ ਇੰਸਪੈਕਸ਼ਨ ਆਦਿ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਕੁੱਝ ਸਮੇਂ ਦੀ ਮੰਗ ਕੀਤੀ ਹੈ। ਇਸ ਲਈ ਇਹ ਕੇਸ <u>**ਅਗਲੀ ਸੁਣਵਾਈ ਮਿਤੀ 07-01-2019 ਨੂੰ 11.30 ਵਜੇ ਲਈ**</u> **ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਨਗਰ ਕੌਂਸਿਲ,
ਖੰਨਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2943 ਆਫ 2018**

**ਹਾਜ਼ਰ:-** 1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ (96460-63400)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਦਫਤ਼ਰ ਨਗਰ ਕੌਂਸਿਲ, ਖੰਨਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਮੇਜਰ ਸਿੰਘ ਜੂਨੀਅਰ ਇੰਜੀਨੀਅਰ ਦੀ ਐਮ.ਬੀ. ਬੁਕਸ ਵਿੱਚ ਦਰਜ਼ ਬਿੱਲਾਂ ਦੀ ਇੰਸਪੈਕਸ਼ਨ ਆਦਿ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਪੱਤਰ ਨੰ:1352, ਮਿਤੀ 09-11-2018 ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਮੁਹੱਈਆ ਕਰ ਦਿੱਤੀ ਗਈ ਹੈ ਜ਼ੋ ਕਿ ਅਪੀਲਕਰਤਾ ਵੱਲੋਂ ਪ੍ਰਾਪਤ ਕਰ ਲਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 10-04-2018 ਨੂੰ ਆਰ.ਟੀ.ਆਈ. ਪਾਉਣ ਦੀ ਮਿਤੀ ਤੋਂ ਲੈ ਕੇ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ

ਚਲਦਾ---ਪੰਨਾ/2

**ਅਪੀਲ ਕੇਸ ਨੰ:2943 ਆਫ 2018**

14-06-2018 ਨੂੰ ਅਪੀਲ ਦਾਇਰ ਕਰਨ ਦੀ ਮਿਤੀ ਤੱਕ ਉੱਤਰਦਾਤਾ ਵੱਲੋਂ ਉਸ ਨਾਲ ਕੋਈ ਵੀ ਪੱਤਰ-ਵਿਹਾਰ ਨਹੀਂ ਕੀਤਾ ਗਿਆ। ਅਪੀਲਕਰਤਾ ਵੱਲੋਂ ਮਿਤੀ 14-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਗਈ ਸੀ। ਪਹਿਲੀ ਅਪੀਲੀ ਅਥਾਰਟੀ ਵੱਲੋਂ ਦੋਵੇਂ ਧਿਰਾਂ ਨੂੰ ਸੁਣਨ ਉਪਰੰਤ ਆਪਣੇ ਹੁਕਮ ਮਿਤੀ 06-07-2018 ਜ਼ੋ ਕਿ ਪਿੱਠ ਅੰਕਣ ਨੰ:ਆਰ.ਟੀ.ਆਈ./ਡਡਸਸ/4ਸ/2017/15656-57, ਮਿਤੀ 10-07-2018 ਰਾਹੀਂ ਜਾਰੀ ਹੋਏ, ਅਨੁਸਾਰ ਕਾਰਜ ਸਾਧਕ ਅਫਸਰ-ਕਮ-ਪਬਲਿਕ ਇਨਫਰਮੇਸ਼ਨ ਅਫਸਰ ਨੂੰ ਹਦਾਇਤ ਕੀਤੀ ਗਈ ਸੀ ਕਿ ਮੰਗੀ ਗਈ ਸੂਚਨਾ ਜ਼ੋ ਕਿ ਆਰ.ਟੀ.ਆਈ. ਦੀ ਧਾਰਾ 2 ਅਧੀਨ ਸੂਚਨਾ ਦੀ ਪਰਿਭਾਸ਼ਾ ਅਧੀਨ ਆਉਂਦੀ ਹੈ ਅਤੇ ਦਫ਼ਤਰ ਦੇ ਰਿਕਾਰਡ ਵਿੱਚ ਮੌਜੂਦ ਹੈ, ਮੁਕੰਮਲ ਰੂਪ ਵਿੱਚ ਐਪੀਲੈਂਟ ਨੂੰ ਮਿਤੀ 16-07-2018 ਤੱਕ ਦਿੱਤੀ ਜਾਵੇ। ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਪਹਿਲੀ ਅਪੀਲੀ ਅਥਾਰਟੀ ਦੇ ਹੁਕਮਾਂ ਦੀ ਵੀ ਕੋਈ ਪ੍ਰਵਾਹ ਨਹੀਂ ਕੀਤੀ ਗਈ ਅਤੇ ਅਪੀਲਕਰਤਾ ਨੂੰ ਸੂਚਨਾ ਲੈਣ ਵਾਸਤੇ ਮਿਤੀ 31-08-2018 ਨੂੰ ਰਾਜ ਸੂਚਨਾ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕਰਨ ਲਈ ਮਜ਼ਬੂਰ ਹੋਣਾ ਪਿਆ। ਕਮਿਸ਼ਨ ਵੱਲੋਂ ਪੇਸ਼ੀ ਲਈ ਮਿਤੀ 08-10-2018 ਨੂੰ ਨੋਟਿਸ ਜਾਰੀ ਕਰਨ ਉਪਰੰਤ ਮਹਿਕਮੇ ਵੱਲੋਂ ਅੱਜ ਪੇਸ਼ੀ ਦੌਰਾਨ ਮਿਤੀ 12-11-2018 ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਭੱਗ 6 ਮਹੀਨੇ ਬਾਅਦ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਤੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 12 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਨਗਰ ਕੌਂਸਿਲ,
ਖੰਨਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2944 ਆਫ 2018**

**ਹਾਜ਼ਰ:-** 1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ (96460-63400)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਦਫਤ਼ਰ ਨਗਰ ਕੌਂਸਿਲ, ਖੰਨਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪਿਛਲੇ 6 ਸਾਲਾਂ ਤੋ ਐਮ.ਬੀ. ਬੁਕਸ ਜਾਰੀ ਕਰਨ ਵਾਲੇ ਰਜਿਸਟਰ ਆਦਿ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਪੱਤਰ ਨੰ:1350-1351, ਮਿਤੀ 09-11-2018 ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਮੁਹੱਈਆ ਕਰ ਦਿੱਤੀ ਗਈ ਹੈ ਜ਼ੋ ਕਿ ਅਪੀਲਕਰਤਾ ਵੱਲੋਂ ਪ੍ਰਾਪਤ ਕਰ ਲਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 25-04-2018 ਨੂੰ ਆਰ.ਟੀ.ਆਈ. ਪਾਉਣ ਦੀ ਮਿਤੀ ਤੋਂ ਲੈ ਕੇ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ

ਚਲਦਾ---ਪੰਨਾ/2

**ਅਪੀਲ ਕੇਸ ਨੰ: 2944 ਆਫ 2018**

23-06-2018 ਨੂੰ ਅਪੀਲ ਦਾਇਰ ਕਰਨ ਦੀ ਮਿਤੀ ਤੱਕ ਉੱਤਰਦਾਤਾ ਵੱਲੋਂ ਉਸ ਨਾਲ ਕੋਈ ਵੀ ਪੱਤਰ-ਵਿਹਾਰ ਨਹੀਂ ਕੀਤਾ ਗਿਆ। ਅਪੀਲਕਰਤਾ ਵੱਲੋਂ ਮਿਤੀ 23-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨ ਉਪਰੰਤ ਵੀ ਉੱਤਰਦਾਤਾ ਵੱਲੋ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਗਈ ਅਤੇ ਅਪੀਲਕਰਤਾ ਨੂੰ ਮਿਤੀ 31-08-2018 ਨੂੰ ਰਾਜ ਸੂਚਨਾ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕਰਨ ਲਈ ਮਜ਼ਬੂਰ ਹੋਣਾ ਪਿਆ। ਕਮਿਸ਼ਨ ਵੱਲੋਂ ਪੇਸ਼ੀ ਲਈ ਮਿਤੀ 08-10-2018 ਨੂੰ ਨੋਟਿਸ ਜਾਰੀ ਕਰਨ ਉਪਰੰਤ ਮਹਿਕਮੇ ਵੱਲੋਂ ਅੱਜ ਪੇਸ਼ੀ ਦੌਰਾਨ ਮਿਤੀ 12-11-2018 ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਭੱਗ 6 ਮਹੀਨੇ ਬਾਅਦ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ।ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਤੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 12 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਨਗਰ ਕੌਂਸਿਲ,
ਖੰਨਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2945 ਆਫ 2018**

**ਹਾਜ਼ਰ:-**
1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ (96460-63400)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਦਫਤ਼ਰ ਨਗਰ ਕੌਂਸਿਲ, ਖੰਨਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪਿਛਲੇ 4 ਸਾਲਾਂ ਤੋ ਖਰਾਬ ਹੋਏ/ਟੁੱਟੇ ਹੋਏ ਆਰ.ਸੀ.ਸੀ. ਬੈਂਚਾਂ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਪੱਤਰ ਨੰ:1347-1348, ਮਿਤੀ 09-11-2018 ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਮੁਹੱਈਆ ਕਰ ਦਿੱਤੀ ਗਈ ਹੈ ਜ਼ੋ ਕਿ ਅਪੀਲਕਰਤਾ ਵੱਲੋਂ ਪ੍ਰਾਪਤ ਕਰ ਲਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 25-04-2018 ਨੂੰ ਆਰ.ਟੀ.ਆਈ. ਪਾਉਣ ਦੀ ਮਿਤੀ ਤੋਂ ਲੈ ਕੇ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ

ਚਲਦਾ---ਪੰਨਾ/2

**ਅਪੀਲ ਕੇਸ ਨੰ: 2945 ਆਫ 2018**

23-06-2018 ਨੂੰ ਅਪੀਲ ਦਾਇਰ ਕਰਨ ਦੀ ਮਿਤੀ ਤੱਕ ਉੱਤਰਦਾਤਾ ਵੱਲੋਂ ਉਸ ਨਾਲ ਕੋਈ ਵੀ ਪੱਤਰ-ਵਿਹਾਰ ਨਹੀਂ ਕੀਤਾ ਗਿਆ। ਅਪੀਲਕਰਤਾ ਵੱਲੋਂ ਮਿਤੀ 23-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨ ਉਪਰੰਤ ਵੀ ਉੱਤਰਦਾਤਾ ਵੱਲੋ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਗਈ ਅਤੇ ਅਪੀਲਕਰਤਾ ਨੂੰ ਮਿਤੀ 31-08-2018 ਨੂੰ ਰਾਜ ਸੂਚਨਾ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕਰਨ ਲਈ ਮਜ਼ਬੂਰ ਹੋਣਾ ਪਿਆ। ਕਮਿਸ਼ਨ ਵੱਲੋਂ ਪੇਸ਼ੀ ਲਈ ਮਿਤੀ 08-10-2018 ਨੂੰ ਨੋਟਿਸ ਜਾਰੀ ਕਰਨ ਉਪਰੰਤ ਮਹਿਕਮੇ ਵੱਲੋਂ ਅੱਜ ਪੇਸ਼ੀ ਦੌਰਾਨ ਮਿਤੀ 12-11-2018 ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਭੱਗ 6 ਮਹੀਨੇ ਬਾਅਦ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਤੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 12 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਨਗਰ ਕੌਂਸਿਲ,
ਖੰਨਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2946 ਆਫ 2018**

**ਹਾਜ਼ਰ:-**
1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ (96460-63400)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਦਫਤ਼ਰ ਨਗਰ ਕੌਂਸਿਲ, ਖੰਨਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਰ.ਸੀ.ਸੀ. ਬੈਂਚਾਂ ਦੇ ਸਟਾਕ ਰਜਿਸਟਰ ਸਮੇਤ ਬੈਂਚਾਂ ਦੇ ਖਰੀਦ ਬਿੱਲਾਂ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਪੱਤਰ ਨੰ:1344-1345, ਮਿਤੀ 09-11-2018 ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਮੁਹੱਈਆ ਕਰ ਦਿੱਤੀ ਗਈ ਹੈ ਜ਼ੋ ਕਿ ਅਪੀਲਕਰਤਾ ਵੱਲੋਂ ਪ੍ਰਾਪਤ ਕਰ ਲਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 25-04-2018 ਨੂੰ ਆਰ.ਟੀ.ਆਈ. ਪਾਉਣ ਦੀ ਮਿਤੀ ਤੋਂ ਲੈ ਕੇ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ

ਚਲਦਾ---ਪੰਨਾ/2

**<u>ਅਪੀਲ ਕੇਸ ਨੰ: 2946 ਆਫ 2018</u>**

23-06-2018 ਨੂੰ ਅਪੀਲ ਦਾਇਰ ਕਰਨ ਦੀ ਮਿਤੀ ਤੱਕ ਉੱਤਰਦਾਤਾ ਵੱਲੋਂ ਉਸ ਨਾਲ ਕੋਈ ਵੀ ਪੱਤਰ-ਵਿਹਾਰ ਨਹੀਂ ਕੀਤਾ ਗਿਆ। ਅਪੀਲਕਰਤਾ ਵੱਲੋਂ ਮਿਤੀ 23-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨ ਉਪਰੰਤ ਵੀ ਉੱਤਰਦਾਤਾ ਵੱਲੋ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਗਈ ਅਤੇ ਅਪੀਲਕਰਤਾ ਨੂੰ ਮਿਤੀ 31-08-2018 ਨੂੰ ਰਾਜ ਸੂਚਨਾ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕਰਨ ਲਈ ਮਜ਼ਬੂਰ ਹੋਣਾ ਪਿਆ। ਕਮਿਸ਼ਨ ਵੱਲੋਂ ਪੇਸ਼ੀ ਲਈ ਮਿਤੀ 08-10-2018 ਨੂੰ ਨੋਟਿਸ ਜਾਰੀ ਕਰਨ ਉਪਰੰਤ ਮਹਿਕਮੇ ਵੱਲੋਂ ਅੱਜ ਪੇਸ਼ੀ ਦੌਰਾਨ ਮਿਤੀ 12-11-2018 ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਭੱਗ 6 ਮਹੀਨੇ ਬਾਅਦ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਤੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਅਪੀਲ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਨਗਰ ਕੌਂਸਿਲ,
ਖੰਨਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2947 ਆਫ 2018**

**ਹਾਜ਼ਰ:-**
1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਘਬੀਰ ਸਿੰਘ, ਸੈਨੇਟਰੀ ਇੰਸਪੈਕਟਰ (98554-00396)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਦਫਤ਼ਰ ਨਗਰ ਕੌਂਸਿਲ, ਖੰਨਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸੈਨੇਟਰੀ ਵਿਭਾਗ ਵੱਲੋਂ ਖਰੀਦ ਕੀਤੀਆਂ ਗਈਆਂ ਕੀੜੇ-ਮਾਰ ਦਵਾਈਆਂ ਦੇ ਸਟਾਕ ਰਜਿਸਟਰ ਦੀ ਇੰਸਪੈਕਸ਼ਨ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਪੱਤਰ ਨੰ:1339, ਮਿਤੀ 09-11-2018 ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਮੁਹੱਈਆ ਕਰ ਦਿੱਤੀ ਗਈ ਹੈ ਜ਼ੋ ਕਿ ਅਪੀਲਕਰਤਾ ਵੱਲੋਂ ਪ੍ਰਾਪਤ ਕਰ ਲਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 10-04-2018 ਨੂੰ ਆਰ.ਟੀ.ਆਈ. ਪਾਉਣ ਦੀ ਮਿਤੀ ਤੋਂ ਲੈ ਕੇ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ

ਚਲਦਾ---ਪੰਨਾ/2

**ਅਪੀਲ ਕੇਸ ਨੰ:2947 ਆਫ 2018**

11-06-2018 ਨੂੰ ਅਪੀਲ ਦਾਇਰ ਕਰਨ ਦੀ ਮਿਤੀ ਤੱਕ ਉੱਤਰਦਾਤਾ ਵੱਲੋਂ ਉਸ ਨਾਲ ਕੋਈ ਵੀ ਪੱਤਰ-ਵਿਹਾਰ ਨਹੀਂ ਕੀਤਾ ਗਿਆ। ਅਪੀਲਕਰਤਾ ਵੱਲੋਂ ਮਿਤੀ 11-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਗਈ ਸੀ। ਪਹਿਲੀ ਅਪੀਲੀ ਅਥਾਰਟੀ ਵੱਲੋਂ ਦੋਵੇਂ ਧਿਰਾਂ ਨੂੰ ਸੁਣਨ ਉਪਰੰਤ ਆਪਣੇ ਹੁਕਮ ਮਿਤੀ 06-07-2018 ਜ਼ੋ ਕਿ ਪਿੱਠ ਅੰਕਣ ਨੰ:ਆਰ.ਟੀ.ਆਈ./ਡਡਸਸ/4ਸ/2017/15640-41, ਮਿਤੀ 09-07-2018 ਰਾਹੀਂ ਜਾਰੀ ਹੋਏ, ਅਨੁਸਾਰ ਕਾਰਜ ਸਾਧਕ ਅਫਸਰ-ਕਮ-ਪਬਲਿਕ ਇਨਫਰਮੇਸ਼ਨ ਅਫਸਰ ਨੂੰ ਹਦਾਇਤ ਕੀਤੀ ਗਈ ਸੀ ਕਿ ਮੰਗੀ ਗਈ ਸੂਚਨਾ ਜ਼ੋ ਕਿ ਆਰ.ਟੀ.ਆਈ. ਦੀ ਧਾਰਾ 2 ਅਧੀਨ ਸੂਚਨਾ ਦੀ ਪਰਿਭਾਸ਼ਾ ਅਧੀਨ ਆਉਂਦੀ ਹੈ ਅਤੇ ਦਫ਼ਤਰ ਦੇ ਰਿਕਾਰਡ ਵਿੱਚ ਮੌਜੂਦ ਹੈ, ਮੁਕੰਮਲ ਰੂਪ ਵਿੱਚ ਐਪੀਲੈਂਟ ਨੂੰ ਮਿਤੀ 16-07-2018 ਤੱਕ ਦਿੱਤੀ ਜਾਵੇ। ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਪਹਿਲੀ ਅਪੀਲੀ ਅਥਾਰਟੀ ਦੇ ਹੁਕਮਾਂ ਦੀ ਵੀ ਕੋਈ ਪ੍ਰਵਾਹ ਨਹੀਂ ਕੀਤੀ ਗਈ ਅਤੇ ਅਪੀਲਕਰਤਾ ਨੂੰ ਸੂਚਨਾ ਲੈਣ ਵਾਸਤੇ ਮਿਤੀ 31-08-2018 ਨੂੰ ਰਾਜ ਸੂਚਨਾ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕਰਨ ਲਈ ਮਜ਼ਬੂਰ ਹੋਣਾ ਪਿਆ। ਕਮਿਸ਼ਨ ਵੱਲੋਂ ਪੇਸ਼ੀ ਲਈ ਮਿਤੀ 08-10-2018 ਨੂੰ ਨੋਟਿਸ ਜਾਰੀ ਕਰਨ ਉਪਰੰਤ ਮਹਿਕਮੇ ਵੱਲੋਂ ਅੱਜ ਪੇਸ਼ੀ ਦੌਰਾਨ ਮਿਤੀ 12-11-2018 ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਭੱਗ 6 ਮਹੀਨੇ ਬਾਅਦ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਤੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 12 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਨਗਰ ਕੌਂਸਿਲ,
ਖੰਨਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2948 ਆਫ 2018**

**ਹਾਜ਼ਰ:-** 1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ (96460-63400)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਦਫਤ਼ਰ ਨਗਰ ਕੌਂਸਿਲ, ਖੰਨਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਜਸਵੰਤ ਸਿੰਘ, ਜੂਨੀਅਰ ਇੰਜੀਨੀਅਰ ਦੀ ਐਮ.ਬੀ. ਬੁਕਸ ਵਿੱਚ ਦਰਜ਼ ਬਿੱਲਾਂ ਦੀ ਇੰਸਪੈਕਸ਼ਨ ਆਦਿ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗਗਨਪ੍ਰੀਤ ਸਿੰਘ, ਜੂਨੀਅਰ ਇੰਜੀਨੀਅਰ ਨੇ ਪੱਤਰ ਨੰ:1341-42, ਮਿਤੀ 09-11-2018 ਪੇਸ਼ ਕੀਤਾ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਮੁਹੱਈਆ ਕਰ ਦਿੱਤੀ ਗਈ ਹੈ ਜ਼ੋ ਕਿ ਅਪੀਲਕਰਤਾ ਵੱਲੋਂ ਪ੍ਰਾਪਤ ਕਰ ਲਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 10-04-2018 ਨੂੰ ਆਰ.ਟੀ.ਆਈ. ਪਾਉਣ ਦੀ ਮਿਤੀ ਤੋਂ ਲੈ ਕੇ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ

ਚਲਦਾ---ਪੰਨਾ/2

**ਅਪੀਲ ਕੇਸ ਨੰ:2948 ਆਫ 2018**

11-06-2018 ਨੂੰ ਅਪੀਲ ਦਾਇਰ ਕਰਨ ਦੀ ਮਿਤੀ ਤੱਕ ਉੱਤਰਦਾਤਾ ਵੱਲੋਂ ਉਸ ਨਾਲ ਕੋਈ ਵੀ ਪੱਤਰ-ਵਿਹਾਰ ਨਹੀਂ ਕੀਤਾ ਗਿਆ। ਅਪੀਲਕਰਤਾ ਵੱਲੋਂ ਮਿਤੀ 11-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਗਈ ਸੀ। ਪਹਿਲੀ ਅਪੀਲੀ ਅਥਾਰਟੀ ਵੱਲੋਂ ਦੋਵੇਂ ਧਿਰਾਂ ਨੂੰ ਸੁਣਨ ਉਪਰੰਤ ਆਪਣੇ ਹੁਕਮ ਮਿਤੀ 06-07-2018 ਜ਼ੋ ਕਿ ਪਿੱਠ ਅੰਕਣ ਨੰ:ਆਰ.ਟੀ.ਆਈ./ਡਡਸਸ/4ਸ/2018/15652-53, ਮਿਤੀ 10-07-2018 ਰਾਹੀਂ ਜਾਰੀ ਹੋਏ, ਅਨੁਸਾਰ ਕਾਰਜ ਸਾਧਕ ਅਫਸਰ-ਕਮ-ਪਬਲਿਕ ਇਨਫਰਮੇਸ਼ਨ ਅਫਸਰ ਨੂੰ ਹਦਾਇਤ ਕੀਤੀ ਗਈ ਸੀ ਕਿ ਮੰਗੀ ਗਈ ਸੂਚਨਾ ਜ਼ੋ ਕਿ ਆਰ.ਟੀ.ਆਈ. ਦੀ ਧਾਰਾ 2 ਅਧੀਨ ਸੂਚਨਾ ਦੀ ਪਰਿਭਾਸ਼ਾ ਅਧੀਨ ਆਉਂਦੀ ਹੈ ਅਤੇ ਦਫ਼ਤਰ ਦੇ ਰਿਕਾਰਡ ਵਿੱਚ ਮੌਜੂਦ ਹੈ, ਮੁਕੰਮਲ ਰੂਪ ਵਿੱਚ ਐਪੀਲੈਂਟ ਨੂੰ ਮਿਤੀ 16-07-2018 ਤੱਕ ਦਿੱਤੀ ਜਾਵੇ। ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਪਹਿਲੀ ਅਪੀਲੀ ਅਥਾਰਟੀ ਦੇ ਹੁਕਮਾਂ ਦੀ ਵੀ ਕੋਈ ਪ੍ਰਵਾਹ ਨਹੀਂ ਕੀਤੀ ਗਈ ਅਤੇ ਅਪੀਲਕਰਤਾ ਨੂੰ ਸੂਚਨਾ ਲੈਣ ਵਾਸਤੇ ਮਿਤੀ 31-08-2018 ਨੂੰ ਰਾਜ ਸੂਚਨਾ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕਰਨ ਲਈ ਮਜ਼ਬੂਰ ਹੋਣਾ ਪਿਆ। ਕਮਿਸ਼ਨ ਵੱਲੋਂ ਪੇਸ਼ੀ ਲਈ ਮਿਤੀ 08-10-2018 ਨੂੰ ਨੋਟਿਸ ਜਾਰੀ ਕਰਨ ਉਪਰੰਤ ਮਹਿਕਮੇ ਵੱਲੋਂ ਅੱਜ ਪੇਸ਼ੀ ਦੌਰਾਨ ਮਿਤੀ 12-11-2018 ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਭੱਗ 6 ਮਹੀਨੇ ਬਾਅਦ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਤੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 12 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਤਰਨ ਤਾਰਨ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਤਰਨ ਤਾਰਨ। ........ ਉੱਤਰਦਾਤਾ

**ਅਪੀਲ ਕੇਸ ਨੰ:2599 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀ ਹਰਦਵਿੰਦਰ ਸਿੰਘ, ਜੂਨੀਅਰ ਸਹਾਇਕ (84376-71139), ਦਫ਼ਤਰ ਸਿਵਲ ਸਰਜਨ, ਤਰਨ ਤਾਰਨ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2018, ਲੋਕ ਸੂਚਨਾ ਅਧਿਕਾਰੀ ਦਫਤਰ ਫੂਡ ਸੇਫਟੀ ਅਫਸਰ, ਤਰਨ ਤਾਰਨ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 06-09-2018 ਨੂੰ ਪਹਿਲੀ ਸੁਣਵਾਈ ਮਿਤੀ 26-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਮਿਤੀ 26-09-2018 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋ ਮੰਗੀ ਗਈ ਸੂਚਨਾ ਜਲਦੀ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀ ਹੋਇਆ ਸੀ ਅਤੇ ਨਾ ਹੀ ਆਪਣੀ ਗੈਹਾਜ਼ਰੀ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ

ਚਲਦਾ---ਪੰਨਾ/2

**ਅਪੀਲ ਕੇਸ ਨੰ:2599 ਆਫ 2018**

ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਦਵਿੰਦਰ ਸਿੰਘ, ਜੂਨੀਅਰ ਸਹਾਇਕ ਦਫ਼ਤਰ ਸਿਵਲ ਸਰਜਨ, ਤਰਨ ਤਾਰਨ ਨੇ ਪੱਤਰ ਨੰ:ਈ6/2018/10385-86, ਮਿਤੀ 06-11-2018 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ, ਮਿਤੀ 05-04-2018 ਦੇ ਸਬੰਧ ਵਿੱਚ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:ਈ5/2018/5965, ਮਿਤੀ 03-07-2018 ਅਨੁਸਾਰ ਅਪੀਲਕਰਤਾ ਨੂੰ ਪਹਿਲਾਂ ਹੀ ਦਿੱਤੀ ਜਾ ਚੁੱਕੀ ਹੈ ਅਤੇ ਕਮਿਸ਼ਨ ਦੇ ਹੁਕਮਾਂ ਅਨੁਸਾਰ ਦੁਬਾਰਾ ਅੱਜ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਸੂਚਨਾ ਲੇਟ ਦਿੱਤੀ ਗਈ ਹੈ ਜਿਸ ਕਰਕੇ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਅਤੇ ਮੁਆਵਜ਼ੇ ਦੀ ਮੰਗ ਕੀਤੀ ਗਈ ਹੈ।

4. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 05-04-2018 ਨੂੰ ਆਰ.ਟੀ.ਆਈ. ਪਾਉਣ ਦੀ ਮਿਤੀ ਤੋਂ ਲੈ ਕੇ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ 24-05-2018 ਨੂੰ ਅਪੀਲ ਦਾਇਰ ਕਰਨ ਦੀ ਮਿਤੀ ਤੱਕ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨਾਲ ਕੋਈ ਵੀ ਪੱਤਰ-ਵਿਹਾਰ ਨਹੀਂ ਕੀਤਾ ਗਿਆ। ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨ ਤੋਂ ਬਾਅਦ ਵੀ ਉਸ ਨੂੰ ਸੂਚਨਾ ਪ੍ਰਾਪਤ ਨਾ ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਲੈਣ ਵਾਸਤੇ ਮਿਤੀ 02-08-2018 ਨੂੰ ਰਾਜ ਸੂਚਨਾ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕਰਨ ਲਈ ਮਜ਼ਬੂਰ ਹੋਣਾ ਪਿਆ। ਕਮਿਸ਼ਨ ਵੱਲੋਂ ਪੇਸ਼ੀ ਲਈ ਮਿਤੀ 06-09-2018 ਨੂੰ ਨੋਟਿਸ ਜਾਰੀ ਕਰਨ ਉਪਰੰਤ ਮਹਿਕਮੇ ਵੱਲੋਂ ਅੱਜ ਪੇਸ਼ੀ ਦੌਰਾਨ ਮਿਤੀ 12-11-2018 ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਭੱਗ 6 ਮਹੀਨੇ ਬਾਅਦ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਤੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਅਗਲੀ ਪੇਸ਼ੀ ਤੇ ਪੇਸ਼ ਕੀਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 11-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 12 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਪਟਿਆਲਾ । ........ ਉੱਤਰਦਾਤਾ

**ਅਪੀਲ ਕੇਸ ਨੰ:2601 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋ ਸ਼੍ਰੀਮਤੀ ਪੁਨੀਤ ਸ਼ਰਮਾ, ਫੈਡ ਸੇਫਟੀ ਅਫਸਰ, ਪਟਿਆਲਾ, (82838-40879)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2018, ਲੋਕ ਸੂਚਨਾ ਅਧਿਕਾਰੀ ਦਫਤਰ ਫੂਡ ਸੇਫਟੀ ਅਫਸਰ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 06-09-2018 ਨੂੰ ਪਹਿਲੀ ਸੁਣਵਾਈ ਮਿਤੀ 26-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋ ਹਾਜ਼ਰ ਸ਼੍ਰੀਮਤੀ ਪੁਨੀਤ ਸ਼ਰਮਾ, ਫੈਡ ਸੇਫਟੀ ਅਫਸਰ, ਪਟਿਆਲਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਮਿਤੀ 05-04-2018 ਦਾ ਜਵਾਬ ਮਿਤੀ 17-04-2018 ਨੂੰ ਅਪੀਲਕਰਤਾ ਨੂੰ ਭੇਜਿਆ ਜਾ ਚੁੱਕਾ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਸੂਚਿਤ ਕੀਤਾ ਗਿਆ ਹੈ ਕਿ ਉੱਤਰਦਾਤਾ ਵੱਲੋਂ ਆਰ.ਟੀ.ਆਈ. ਐਕਟ ਦੇ ਫਾਰਮ "ਕ" ਰੂਲ 4(6) ਦੇ ਤਹਿਤ ਕੈਸ਼ ਰਜਿਸਟਰ ਨਹੀਂ ਲਗਾਇਆ ਗਿਆ। ਉੱਤਰਦਾਤਾ ਵੱਲੋਂ ਸਮੇਂ ਸਿਰ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ ਪਰੰਤੂ ਉਨ੍ਹਾਂ ਵੱਲੋਂ ਆਰ.ਟੀ.ਆਈ. ਐਕਟ ਦੇ ਫਾਰਮ "ਕ" ਰੂਲ 4(6) ਦੇ ਤਹਿਤ ਕੈਸ਼ ਰਜਿਸਟਰ ਨਾ ਲਗਾ ਕੇ ਐਕਟ ਦੀ ਉਲੰਘਣਾ ਕੀਤੀ ਜਾ ਰਹੀ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਨੂੰ ਸਖਤ ਝਾੜ ਪਾਉਂਦੇ ਹੋਏ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਸੂਚਨਾ ਦਾ ਅਧਿਕਾਰ ਐਕਟ, 2005 ਦੇ ਫਾਰਮ "ਕ" ਰੂਲ 4(6) ਦੇ ਤਹਿਤ ਕੈਸ਼ ਰਜਿਸਟਰ ਤੁਰੰਤ ਲਗਾਇਆ ਜਾਵੇ ਅਤੇ ਭਵਿੱਖ ਵਿੱਚ ਐਕਟ ਦੇ ਉਪਬੰਧਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. .......ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਗੁਰਦਾਸਪੁਰ। ........ ਉੱਤਰਦਾਤਾ

**ਅਪੀਲ ਕੇਸ ਨੰ:2606 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2018, ਲੋਕ ਸੂਚਨਾ ਅਧਿਕਾਰੀ ਦਫਤਰ ਫੂਡ ਸੇਫਟੀ ਅਫਸਰ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24 -05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 06-09-2018 ਨੂੰ ਪਹਿਲੀ ਸੁਣਵਾਈ ਮਿਤੀ 26-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 26-09-2018 ਤੇ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਉੱਤਰਦਾਤਾ ਵੱਲੋ ਹਾਜ਼ਰ ਕਰਮਚਾਰੀ ਨੇ ਦੱਸਿਆ ਸੀ ਕਿ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਭੇਜੀ ਜ਼ਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਸਬੰਧਤ ਕਰਮਚਾਰੀ ਨੇ ਸੂਚਨਾ ਮੌਕੇ ਤੇ ਦੁਬਾਰਾ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਉਸਦੀ ਮੰਗ ਅਨੁਸਾਰ ਸੂਚਨਾ ਨਹੀ ਦਿੱਤੀ ਗਈ। ਅਪੀਲਕਰਤਾ ਨੇ ਇਸ ਸਬੰਧੀ ਦੱਸਿਆ ਸੀ ਕਿ ਉਸ ਵੱਲੋਂ ਸਾਲ 2010 ਤੋਂ ਸੂਚਨਾ ਮੰਗੀ ਗਈ ਹੈ ਜਦੋਂ ਕਿ ਉਸ ਨੂੰ ਸਾਲ 2012 ਤੋਂ ਸੂਚਨਾ ਦਿੱਤੀ ਜਾ ਰਹੀ ਹੈ। ਇਸ ਲਈ ਉਸ ਨੇ ਸਹੀ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ ਵੱਲੋ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਇੱਕ ਪੱਤਰ ਨੰ:17541, ਮਿਤੀ 28-09-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ

ਚਲਦਾ---ਪੰਨਾ/2

**ਅਪੀਲ ਕੇਸ ਨੰ:2606 ਆਫ਼ 2018**

ਸੂਚਿਤ ਕੀਤਾ ਗਿਆ ਹੈ ਕਿ ਸਾਲ 2012 ਤੋਂ 2018 ਤੱਕ ਸਿਵਲ ਸਰਜਨ ਦਫ਼ਤਰ ਵੱਲੋਂ ਕੈਸ਼ ਰਜਿਸਟਰ ਮੇਨਟੇਨ ਕੀਤਾ ਗਿਆ ਹੈ ਅਤੇ ਸਾਲ 2010 ਤੋਂ 2012 ਤੱਕ ਆਰ.ਟੀ.ਆਈ. ਨਾਲ ਸਬੰਧਤ ਕੈਸ਼ ਰਜਿਸਟਰ ਜਾਂ ਕੋਈ ਹੋਰ ਰਜਿਸਟਰ ਮੇਨਟੇਨ ਨਹੀਂ ਕੀਤਾ ਗਿਆ। ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਸੂਚਨਾ ਲੇਟ ਦਿੱਤੀ ਗਈ ਹੈ ਅਤੇ ਉੱਤਰਦਾਤਾ ਵੱਲੋਂ ਸਾਲ 2010 ਤੋਂ 2012 ਤੱਕ ਆਰ.ਟੀ.ਆਈ. ਨਾਲ ਸਬੰਧਤ ਕੈਸ਼ ਰਜਿਸਟਰ ਵੀ ਨਹੀਂ ਲਗਾ ਕੇ ਆਰ.ਟੀ.ਐਕਟ ਦੇ ਉਪਬੰਧਾਂ ਦੀ ਉਲੰਘਣਾ ਕੀਤੀ ਗਹੀ ਹੈ ਜਿਸ ਕਰਕੇ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਅਤੇ ਮੁਆਵਜ਼ੇ ਦੀ ਮੰਗ ਕੀਤੀ ਗਈ ਹੈ।

4. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 05-04-2018 ਨੂੰ ਆਰ.ਟੀ.ਆਈ. ਪਾਉਣ ਦੀ ਮਿਤੀ ਤੋਂ ਲੈ ਕੇ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨ ਤੱਕ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਕੋਈ ਸੂਚਨਾ ਨਹੀਂ ਗਈ। ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨ ਤੋਂ ਬਾਅਦ ਵੀ ਉਸ ਨੂੰ ਸੂਚਨਾ ਪ੍ਰਾਪਤ ਨਾ ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਲੈਣ ਵਾਸਤੇ ਮਿਤੀ 02-08-2018 ਨੂੰ ਰਾਜ ਸੂਚਨਾ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕਰਨ ਲਈ ਮਜ਼ਬੂਰ ਹੋਣਾ ਪਿਆ। ਕਮਿਸ਼ਨ ਵੱਲੋਂ ਪੇਸ਼ੀ ਲਈ ਮਿਤੀ 06-09-2018 ਨੂੰ ਨੋਟਿਸ ਜਾਰੀ ਕਰਨ ਉਪਰੰਤ ਮਹਿਕਮੇ ਵੱਲੋਂ ਮਿਤੀ 28-09-2018 ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਗਈ ਹੈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਭੱਗ 6 ਮਹੀਨੇ ਬਾਅਦ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਹੈ ਅਤੇ ਸਾਲ 2010 ਤੋਂ 2012 ਤੱਕ ਆਰ.ਟੀ.ਆਈ. ਨਾਲ ਸਬੰਧਤ ਕੈਸ਼ ਰਜਿਸਟਰ ਵੀ ਨਹੀਂ ਲਗਾਇਆ ਗਿਆ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਤੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਅਗਲੀ ਪੇਸ਼ੀ ਤੇ ਪੇਸ਼ ਕੀਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 11-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 12 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਾਹੁਲ ਮਹਾਜਨ, (98919-16314)
ਦੁਕਾਨ ਨੰ:112, ਪਹਿਲੀ ਮੰਜ਼ਿਲ,
ਸੀ-ਬਲਾਕ, ਡੀ.ਡੀ.ਏ. ਮਾਰਕੀਟ,
ਵਿਕਾਸ ਪੁਰੀ, ਨਿਊ ਦਿੱਲੀ-110018. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਜਾਂ), ਪੰਜਾਬ,
ਸਿੱਖਿਆ ਭਵਨ, ਫੇਸ-8,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਜਾਂ), ਪੰਜਾਬ,
ਸਿੱਖਿਆ ਭਵਨ, ਫੇਸ-8,
ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:2236 ਆਫ਼ 2018**

**ਹਾਜ਼ਰ:-**

1) ਸ਼੍ਰੀ ਰਾਹੁਲ ਮਹਾਜਨ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪਵਨਜੀਤ ਕੌਰ, ਸੀਨੀਅਰ ਸਹਾਇਕ(94637-41800)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-03-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਜਾਂ), ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਰੁੱਧ ਭ੍ਰਿਸ਼ਟਾਚਾਰ ਬਾਰੇ ਸ਼ਿਕਾਇਤ ਸਬੰਧੀ ਸਾਲ 2014 ਤੋਂ ਆਰ.ਟੀ.ਆਈ. ਦਾਇਰ ਕਰਨ ਦੀ ਮਿਤੀ ਤੱਕ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 10-08-2018 ਨੂੰ ਪਹਿਲੀ ਸੁਣਵਾਈ ਮਿਤੀ 04-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪਵਨਜੀਤ ਕੌਰ, ਸੀਨੀਅਰ ਸਹਾਇਕ ਨੇ ਪੱਤਰ ਨੰ:465, ਮਿਤੀ 24-08-2018 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਦਿੱਤੀ ਜਾ ਚੁੱਕੀ ਹੈ। ਸਬੰਧਤ ਕਰਮਚਾਰਣ ਵੱਲੋਂ ਪੇਸ਼ ਕੀਤੇ ਗਏ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਅਪੀਲਕਰਤਾ ਨੇ ਆਪਣੇ ਲਿਖਤੀ ਬਿਆਨ, ਮਿਤੀ 12-11-2018 ਰਾਹੀਂ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਉਸ ਵੱਲੋਂ ਅਪੀਲ ਕੇਸ ਡਿਸਪੋਜ਼ ਆਫ਼ ਕਰਨ ਲਈ ਬੇਨਤੀ ਕੀਤੀ ਗਈ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਚਿਨ ਸਿੰਗਲ,
ਮਕਾਨ ਨੰ:4716, ਮੁਹੱਲਾ ਭੋਗਿਆ,
ਨੇੜੇ ਲਪੇਸ਼ਾਹ ਚੌਕ,
ਜਗਰਾਓਂ, ਜ਼ਿਲ੍ਹਾ ਲੁਧਿਆਣਾ। ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਫੇਸ-8, ਐਸ.ਏ.ਐਸ. ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਫੇਸ-8, ਐਸ.ਏ.ਐਸ. ਨਗਰ। ........ ਉੱਤਰਦਾਤਾ

**ਅਪੀਲ ਕੇਸ ਨੰ:2769 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਦਲਜੀਤ ਸਿੰਘ (95921-62967)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ (82830-38959)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪੰਜਾਬ ਦੇ ਗਰਾਂਟ-ਇੰਨ-ਏਡਿਡ ਕਾਲਿਜਾਂ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-09-2018 ਨੂੰ ਪਹਿਲੀ ਸੁਣਵਾਈ ਮਿਤੀ 15-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਦਲਜੀਤ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ ਨੇ ਪੱਤਰ ਮਿਤੀ 05-11-2108 ਦੀ ਕਾਪੀ ਪੇਸ਼ ਕੀਤੀ ਹੈ ਜੋ ਕਿ ਰਿਕਾਰਡ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਅਪੀਲਕਰਤਾ ਕੋਲੋ ਸਪੱਸ਼ਟੀਕਰਣ ਮੰਗਿਆ ਹੈ ਕਿ ਉਸ ਨੂੰ ਕਿਹੜੇ ਕਾਲਿਜਾਂ ਨਾਲ ਸਬੰਧਤ ਸੂਚਨਾ ਦਿੱਤੀ ਜਾਵੇ। ਇਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਵੱਲੋ ਪਾਈ ਗਈ ਆਰ.ਟੀ. ਆਈ. ਅਧੂਰੀ ਅਤੇ ਅਸਪੱਸ਼ਟ ਹੈ ਜਿਸ ਕਾਰਨ ਉੱਤਰਦਾਤਾ ਵੱਲੋਂ ਉਸ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਕਮਿਸ਼ਨ ਨੇ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੇ ਗਏ ਜਵਾਬ ਨੂੰ ਤਸੱਲੀਬਖ਼ਸ ਪਾਇਆ ਹੈ।ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 12 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਤਿਨ ਕੁਮਾਰ, (85560-29980)
ਪੁੱਤਰ ਸ਼੍ਰੀ ਵਿਜੈ ਕੁਮਾਰ,
ਵਾਸੀ ਮਕਾਨ ਨੰ:171, ਵਾਰਡ ਨੰ:15,
ਪ੍ਰੇਮ ਨਗਰ, ਚਮਕੌਰ ਸਾਹਿਬ ਰੋਡ,
ਮੋਰਿੰਡਾ, ਜ਼ਿਲ੍ਹਾ ਰੂਪਨਗਰ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ-ਕਮ-
ਕੰਟਰੋਲਰ (ਪ੍ਰੀਖਿਆ),
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:911 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-05-2018, ਲੋਕ ਸੂਚਨਾ ਅਧਿਕਾਰੀ -ਕਮ-ਕੰਟਰੋਲਰ (ਪ੍ਰੀਖਿਆ), ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਮਈ, 2017 ਵਿੱਚ ਐਮ.ਏ. ਇਕਨਾਮਿਕਸ ਸਿਮੈਸਟਰ-4(ਸੀ.ਸੀ.) ਦੀ ਦਿੱਤੀ ਗਈ ਪ੍ਰੀਖਿਆ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-09-2018 ਨੂੰ ਪਹਿਲੀ ਸੁਣਵਾਈ ਮਿਤੀ 15-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਕਿਹਾ ਹੈ ਕਿ ਕਮਿਸ਼ਨ ਵੱਲੋਂ ਪਹਿਲੀ ਸੁਣਵਾਈ ਮਿਤੀ 15-10-2018 ਲਈ ਮਿਤੀ 20-09-2018 ਨੂੰ ਜਾਰੀ ਕੀਤਾ ਗਿਆ ਨੋਟਿਸ ਨਹੀਂ ਮਿਲਿਆ ਅਤੇ ਉਨ੍ਹਾਂ ਨੂੰ ਕਮਿਸ਼ਨ ਦੇ ਅੰਤ੍ਰਿਮ ਹੁਕਮ ਮਿਤੀ 15-10-2018 ਰਾਹੀਂ ਇਸ ਕੇਸ ਬਾਰੇ ਪਤਾ ਚੱਲਿਆ ਹੈ।ਸ਼ਿਕਾਇਤਕਰਤਾ ਪਹਿਲੀ ਅਪੀਲੀ ਅਥਾਰਟੀ ਕੋਲ ਵੀ ਨਹੀਂ ਗਿਆ। ਇਸ ਸਬੰਧ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਇੱਕ ਪੱਤਰ ਨੰ:7316-ਐਸ-4/1016-18/ਆਰ.ਟੀ.ਆਈ. ਸੈੱਲ, ਮਿਤੀ 06-11-2018 ਵੀ ਪ੍ਰਾਪਤ ਹੋਇਆ ਹੈ, ਜਿਸ ਰਾਹੀਂ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਜਾਣਕਾਰੀ ਬਾਰੇ ਉਨ੍ਹਾਂ ਕੋਲ ਕੋਈ ਦਸਤਾਵੇਜ਼ ਨਹੀਂ ਹੈ ਜਿਸ ਕਰਕੇ ਉਸ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਸ਼ਿਕਾਇਤਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਸ਼ਿਕਾਇਤਕਰਤਾ ਨੂੰ ਪਹਿਲਾਂ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਕਮਿਸ਼ਨ ਨੇ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਤਸੱਲੀਬਖ਼ਸ ਪਾਇਆ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ। ਸ਼ਿਕਾਇਤਕਰਤਾ ਨੂੰ ਇਹ ਵੀ ਖੁੱਲ੍ਹ ਹੋਵੇਗੀ ਕਿ ਜੇਕਰ ਉਹ ਲੋੜ ਸਮਝੇ ਤਾਂ ਉਹ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰ ਸਕਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਚਿਨ ਸਿੰਗਲ,
ਮਕਾਨ ਨੰ:4716, ਮੁਹੱਲਾ ਭੋਗਿਆ,
ਨੇੜੇ ਲਪੇਸ਼ਾਹ ਚੌਕ,
ਜਗਰਾਓਂ, ਜ਼ਿਲ੍ਹਾ ਲੁਧਿਆਣਾ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਫੇਸ-8, ਐਸ.ਏ.ਐਸ. ਨਗਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:921 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਦਲਜੀਤ ਸਿੰਘ (95921-62967)।
2) ਉੱਤਰਦਾਤਾ ਵੱਲੋਂ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ (82830-38959)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਦਲਜੀਤ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ, ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਪਾਈ ਗਈ ਆਰ.ਟੀ.ਆਈ., ਮਿਤੀ 14-06-2018 ਉਨ੍ਹਾਂ ਨੂੰ ਕਮਿਸ਼ਨ ਵੱਲੋਂ ਸੁਣਵਾਈ ਲਈ ਭੇਜੇ ਗਏ ਨੋਟਿਸ ਦੇ ਨਾਲ ਮਿਤੀ 05-10-2018 ਨੂੰ ਪਹਿਲੀ ਵਾਰ ਪ੍ਰਾਪਤ ਹੋਈ ਹੈ ਅਤੇ ਇਸ ਤੋਂ ਪਹਿਲਾਂ ਉਨ੍ਹਾਂ ਨੂੰ ਆਰ.ਟੀ.ਆਈ. ਪ੍ਰਾਪਤ ਹੀ ਨਹੀਂ ਹੋਈ ਸੀ।

2. ਇਹ ਇੱਕ ਸ਼ਿਕਾਇਤ ਕੇਸ ਹੈ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮਹੀਨਾ ਜੂਨ, ਜੁਲਾਈ, ਅਗਸਤ, ਸਤੰਬਰ ਅਤੇ ਅਕਤੂਬਰ, 2018 ਨਾਲ ਸਬੰਧਤ ਆਰ.ਟੀ.ਆਈ. ਪ੍ਰਾਪਤੀ ਰਜਿਸਟਰ ਪੇਸ਼ ਕੀਤਾ ਜਾਵੇ। ਸ਼ਿਕਾਇਤਕਰਤਾ ਦੇ ਨੁਮਾਇੰਦੇ ਨੂੰ ਵੀ ਕਿਹਾ ਜਾਂਦਾ ਹੈ ਕਿ ਸ਼ਿਕਾਇਤਕਰਤਾ ਪੇਸ਼ੀ ਤੇ ਖੁਦ ਹਾਜ਼ਰ ਹੋਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 12 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**